## ਪ੍ਰੈਸ ਨੋਟ

## ਜਿਲ੍ਹਾ ਪੁਲਿਸ ਹੁਸਿਆਰਪੁਰ ਵਲੋਂ ਥਾਣਾ ਮੁਕੇਰੀਆ ਦੇ ਏਰੀਆ ਵਿਖੇ ਮਿਤੀ 28/02/2022 ਨੂੰ ਦਰਜ ਹੋਏ ਅੰਨੇ ਕਤਲ ਦੇ ਮੁਕੱਦਮੇ ਨੂੰ ਟਰੇਸ ਕਰਨ ਵਿੱਚ ਸਫਲਤਾ ਹਾਸਿਲ ਕਰਨ ਸਬੰਧੀ

ਸ਼੍ਰੀ ਧਰੁੱਮਨ ਐਚ ਨਿੰਬਾਲੇ ਆਈ.ਪੀ.ਐਸ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ, ਸ਼੍ਰੀ ਮੁਖਤਿਆਰ ਰਾਏ ਪੀ.ਪੀ.ਐਸ ਪੁਲਿਸ ਕਪਤਾਨ ਤਫਤੀਸ਼ ਹੁਸ਼ਿ:, ਸ਼੍ਰੀ ਪਰਮਜੀਤ ਸਿੰਘ ਪੀ.ਪੀ.ਐਸ ਉੱਪ ਕਪਤਾਨ ਪੁਲਿਸ ਮੁਕੇਰੀਆਂ, ਇੰਸਪੈਕਟਰ ਹਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੁਕੇਰੀਆਂ ਨੂੰ ਇੱਕ ਵਿਅਕਤੀ ਸਤਵਿੰਦਰ ਸਿੰਘ ਉਰਫ ਸੋਨਾ ਪੁੱਤਰ ਸੁਖਵਿੰਦਰ ਸਿੰਘ ਵਾਸੀ ਐਮਾ ਮਾਂਗਟ ਥਾਣਾ ਮੁਕੇਰੀਆਂ ਦੇ ਅੰਨੇ ਕਤਲ ਨੂੰ ਟਰੇਸ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕਰਨ ਵਿੱਚ ਭਾਰੀ ਸਫਲਤਾ ਮਿਲੀ। ਜਿਕਰਯੋਗ ਹੈ ਕਿ ਮਿਤੀ 28/02/2022 ਨੂੰ ਇੱਕ ਵਿਅਕਤੀ ਸਤਵਿੰਦਰ ਸਿੰਘ ਉਰਫ ਸੋਨਾ ਪੁੱਤਰ ਸੁਖਵਿੰਦਰ ਸਿੰਘ ਵਾਸੀ ਐਮਾਂ ਮਾਂਗਟ ਥਾਣਾ ਮੁਕੇਰੀਆ ਜਿਲ੍ਹਾ ਹੁਸ਼ਿਆਰਪੁਰ ਦੀ ਹਾਈਡਲ ਪ੍ਰੋਜੈਕਟ ਨਹਿਰ ਦੇ ਪਾਵਰ ਹਾਊਸ ਨੰਬਰ 4 ਪਿੰਡ ਪੰਡੋਰੀ ਥਾਣਾ ਮੁਕੇਰੀਆਂ ਵਿਖੇ ਲਾਸ਼ ਬਰਾਮਦ ਹੋਣ ਤੇ ਮ੍ਰਿਤਕ ਦੇ ਪਿਤਾ ਸੁਖਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਐਮਾਂ ਮਾਗਟ ਥਾਣਾ ਮੁਕੇਰੀਆ ਦੇ ਬਿਆਨ ਤੇ ਮੁਕੱਦਮਾ ਨੰਬਰ 21 ਮਿਤੀ 28/02/2022 ਅ/ਧ 302/201 ਭ.ਦ. ਥਾਣਾ ਮੁਕੇਰੀਆਂ ਦਰਜ ਰਜਿਸਟਰ ਕੀਤਾ ਗਿਆ ਸੀ।

ਸ਼੍ਰੀ ਧਰੁੱਮਨ ਐਚ ਨਿੰਬਾਲੇ ਆਈ.ਪੀ.ਐਸ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਜੀ ਵੱਲੋਂ ਇਸ ਅੰਨੇ ਕਤਲ ਦੀ ਵਾਰਦਾਤ ਨੂੰ ਟਰੇਸ ਕਰਨ ਲਈ ਸ਼੍ਰੀ ਮੁਖਤਿਆਰ ਰਾਏ ਪੀ.ਪੀ.ਐਸ ਪੁਲਿਸ ਕਪਤਾਨ,ਤਫਤੀਸ਼ ਹੁਸ਼ਿਆਰਪੁਰ, ਸ਼੍ਰੀ ਪਰਮਜੀਤ ਸਿੰਘ ਪੀ.ਪੀ.ਐਸ ਉੱਪ ਕਪਤਾਨ ਪੁਲਿਸ ਮੁਕੇਰੀਆਂ ਅਤੇ ਇੰਸਪੈਕਟਰ ਹਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੁਕੇਰੀਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਸਨ, ਜਿਹਨਾਂ ਵਲੋਂ ਇਸ ਮੁਕੱਦਮੇ ਦੀ ਤਫਤੀਸ਼ ਸੂਝਬੂਝ, ਪ੍ਰੋਫੈਸ਼ਨਲ, ਵਿਗਿਆਨਕ ਅਤੇ ਟੈਕਨੀਕਲ ਤਰੀਕੇ ਨਾਲ ਅਮਲ ਵਿੱਚ ਲਿਆਦੀ ਗਈ। ਦੋਰਾਨੇ ਤਫਤੀਸ਼ ਮਿਤੀ 18/03/2022 ਨੂੰ ਮੁਕੱਦਮਾ ਹਜਾ ਦੇ ਦੋਸ਼ੀ ਦਲਜੀਤ ਸਿੰਘ ਉਰਫ ਦੱਲੂ ਪੁੱਤਰ ਓਕਾਂਰ ਸਿੰਘ ਵਾਸੀ ਪੰਡੋਰੀ ਥਾਣਾ ਮੁਕੇਰੀਆ ਨੂੰ ਕਾਬੂ ਕਰਕੇ ਉਸ ਪਾਸੋਂ ਬਰੀਕੀ ਨਾਲ ਪੁੱਛ ਗਿੱਛ ਕੀਤੀ ਗਈ, ਜਿਸਨੇ ਪੁੱਛ ਗਿੱਛ ਦੋਰਾਨ ਮੰਨਿਆ ਕਿ ਉਹ ਮ੍ਰਿਤਕ ਸਤਵਿੰਦਰ ਸਿੰਘ ਉਰਫ ਸੋਨਾ ਨਾਲ ਮਿਲ ਕੇ ਨਸ਼ਾ ਕਰਨ ਦਾ ਆਦੀ ਸੀ। ਮਿਤੀ 26/02/2022 ਦੀ ਰਾਤ ਨੂੰ ਉਹਨਾਂ ਦੋਵਾਂ ਨੇ ਨਸ਼ੇ ਦੇ ਟੀਕੇ ਲਗਾਏ ਸੀ, ਜਿਸ ਕਾਰਨ ਸਤਵਿੰਦਰ ਸਿੰਘ ਉਰਫ ਸੋਨਾ ਬੇਹੋਸ਼ੀ ਦੀ ਹਾਲਤ ਵਿੱਚ ਚਲਾ ਗਿਆ ਸੀ, ਜਿਸਤੇ ਦੋਸ਼ੀ ਦਲਜੀਤ ਸਿੰਘ ਉਰਫ ਦੱਲੂ ਡਰਦੇ ਹੋਏ ਉਸਨੂੰ ਡਾਕਟਰ ਪਾਸ ਨਹੀਂ ਲੈ ਕੇ

ਗਿਆ ਅਤੇ ਨਾ ਹੀ ਇਸ ਬਾਰੇ ਕਿਸੇ ਨੂੰ ਦੱਸਿਆ ਸੀ। ਇਸਤੋਂ ਬਾਦ ਉਹ ਸਤਵਿੰਦਰ ਸਿੰਘ ਉਰਫ ਸੋਨਾ ਨੂੰ ਮਹਿੰਦਰਾ ਪਿੱਕ ਅੱਪ ਗੱਡੀ ਵਿੱਚ ਪਾ ਕੇ ਨਹਿਰ ਤੇ ਲੈ ਗਿਆ ਸੀ, ਜਿੱਥੇ ਉਸਨੇ ਉਸਦੇ ਸਿਰ ਵਿੱਚ ਦਾਤਰ ਨਾਲ ਸੱਟਾਂ ਮਾਰ ਕੇ ਉਸਨੂੰ ਨਹਿਰ ਵਿੱਚ ਸੁੱਟ ਦਿੱਤਾ ਸੀ। ਜਿਸਤੇ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਗ੍ਰਿਫਤਾਰ ਦੋਸ਼ੀ :-

1.ਦਲਜੀਤ ਸਿੰਘ ਉਰਫ ਦੱਲੂ ਪੁੱਤਰ ਉਕਾਂਰ ਸਿੰਘ ਵਾਸੀ ਪੰਡੋਰੀ ਥਾਣਾ ਮੁਕੇਰੀਆ ਜਿਲ੍ਹਾ ਹੁਸਿਆਰਪੁਰ